Unedited Version / Not for legal/official use Dated: Monday, 19th June ,2023
**1400/JS**

# PUNJAB VIDHAN SABHA

*Monday, the 19th June, 2023*

*The Vidhan Sabha met in the Punjab Vidhan Sabha Hall, Vidhan Bhavan, Sector 1, Chandigarh at 2.00 P.M. Mr. Speaker (Sardar Kultar Singh Sandhwan) in the Chair.*

---

## OBITUARY REFERENCES

**ਮਾਣਯੋਗ ਸਪੀਕਰ** : ਵਾਹਿਗੁਰੂ । ਅਕਾਲ ਚਲਾਣਿਆਂ ਦਾ ਵਰਨਣ। ਪੰਜਾਬ ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਹੁਣ ਤੱਕ ਦੇ ਸਮੇਂ ਦਰਮਿਆਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਕੋਲੋਂ ਵਿੱਛੜ ਗਈਆਂ ਹਨ । ਅਸੀਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇਕੱਤਰ ਹੋਏ ਹਾਂ। ਕੁਝ ਅਜਿਹੀਆਂ ਸ਼ਖਸੀਅਤਾਂ ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹੋਏ ਸਾਨੂੰ ਹਮੇਸ਼ਾ ਲਈ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਸ਼ਰਧਾਂਜਲੀ ਭੇਟ ਕਰੀਏ।

ਸਰਦਾਰ ਪਰਕਾਸ਼ ਸਿੰਘ ਬਾਦਲ, ਸਾਬਕਾ ਮੁੱਖ ਮੰਤਰੀ, ਪੰਜਾਬ ਸਾਨੂੰ ਮਿਤੀ 25 ਅਪ੍ਰੈਲ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 8 ਦਸੰਬਰ, 1927 ਨੂੰ ਪਿੰਡ ਅਬੁਲ ਖੁਰਾਣਾ, ਜ਼ਿਲ੍ਹਾ ਮੁਕਤਸਰ ਸਾਹਿਬ ਵਿਖੇ ਹੋਇਆ । ਉਨ੍ਹਾਂ ਨੇ ਪੰਜ ਵਾਰੀ, ਸਾਲ 1970 ਤੋਂ 1971, 1977 ਤੋਂ 1980, 1997 ਤੋਂ 2002 ਅਤੇ 2007 ਤੋਂ 2017 ਤੱਕ ਪੰਜਾਬ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ। ਉਹ ਸਾਲ 1970 ਵਿਚ ਸੰਸਦ ਮੈਂਬਰ ਵੀ ਚੁਣੇ ਗਏ ਅਤੇ ਕੇਂਦਰੀ ਸਰਕਾਰ ਵਿੱਚ ਖੇਤੀ ਤੇ ਸਿੰਚਾਈ ਮੰਤਰੀ ਵਜੋਂ ਵੀ ਸੇਵਾ ਨਿਭਾਉਂਦੇ ਰਹੇ। ਉਨ੍ਹਾਂ ਨੇ ਤਿੰਨ ਵਾਰ ਸਾਲ 1972, 1980 ਅਤੇ 2002 ਦੌਰਾਨ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਵਜੋਂ ਵੀ ਸੇਵਾਵਾਂ ਨਿਭਾਈਆਂ। ਉਹ 11 ਵਾਰੀ, ਸਾਲ 1957, 1969, 1972, 1977, 1980, 1985, 1997, 2002, 2007, 2012 ਅਤੇ 2017 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਰਪ੍ਰਸਤ ਵਜੋਂ ਵੀ ਸੇਵਾਵਾਂ ਨਿਭਾਈਆਂ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਰਹੇ। ਉਨ੍ਹਾਂ ਨੂੰ ਸਾਲ 2014 ਵਿੱਚ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਦੁਆਰਾ ਪਦਮ ਵਿਭੂਸ਼ਣ ਅਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਵੱਲੋਂ ਦੇਸ਼ ਅਤੇ ਪੰਜਾਬ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਇਆ ਗਿਆ।

ਚੌਧਰੀ ਸਵਰਨਾ ਰਾਮ, ਸਾਬਕਾ ਮੰਤਰੀ, ਪੰਜਾਬ ਵੀ ਸਾਨੂੰ ਮਿਤੀ 1 ਅਪ੍ਰੈਲ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ । ਉਨ੍ਹਾਂ ਦਾ ਜਨਮ ਮਿਤੀ 1 ਜਨਵਰੀ, 1941 ਨੂੰ ਪਿੰਡ ਬਹਿਰਾਮ, ਜ਼ਿਲ੍ਹਾ ਨਵਾਂ ਸ਼ਹਿਰ ਵਿਖੇ ਹੋਇਆ। ਉਹ ਸਾਲ 1997 ਅਤੇ 2007 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ। ਉਨ੍ਹਾਂ ਵੱਲੋਂ ਤਕਨੀਕੀ ਸਿੱਖਿਆ ਅਤੇ

ਉਦਯੋਗਿਕ ਸਿਖਲਾਈ ਵਿਭਾਗ ਤੇ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਮੰਤਰੀ ਵਜੋਂ ਵੀ ਸੇਵਾਵਾਂ ਨਿਭਾਈਆਂ ਗਈਆਂ। ਉਹ ਸਿੱਖਿਆ ਤੇ ਸੈਰ ਸਪਾਟਾ ਵਿਭਾਗ ਦੇ ਰਾਜ ਮੰਤਰੀ ਵੀ ਰਹੇ। ਉਨ੍ਹਾਂ ਵੱਲੋਂ ਸਾਲ 1997 ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਵਜੋਂ ਵੀ ਸੇਵਾਵਾਂ ਨਿਭਾਈਆਂ ਗਈਆਂ। ਇਸ ਤੋਂ ਇਲਾਵਾ ਉਨ੍ਹਾਂ ਨੇ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੇ ਮੈਂਬਰ ਵਜੋਂ ਵੀ ਸੇਵਾਵਾਂ ਦਿੱਤੀਆਂ।

ਸਰਦਾਰ ਜਸਵੰਤ ਸਿੰਘ, ਸਾਬਕਾ ਡਿਪਟੀ ਸਪੀਕਰ, ਪੰਜਾਬ ਵਿਧਾਨ ਸਭਾ ਵੀ ਸਾਨੂੰ ਮਿਤੀ 18 ਅਪ੍ਰੈਲ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 15 ਅਪ੍ਰੈਲ, 1941 ਨੂੰ ਪਿੰਡ ਫਫੜੇ ਭਾਈਕੇ, ਜ਼ਿਲ੍ਹਾ ਮਾਨਸਾ ਵਿਖੇ ਹੋਇਆ ਸੀ। ਉਹ ਸਾਲ 1985 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ ਸਨ, ਉਨ੍ਹਾਂ ਨੇ ਸਾਲ 1986 ਤੋਂ 1988 ਤੱਕ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਵਜੋਂ ਵੀ ਸੇਵਾ ਨਿਭਾਈ। ਉਹ ਸਾਲ 1977 ਤੋਂ 1980 ਤੱਕ ਪੰਜਾਬ ਰਾਜ ਮਾਲ ਗੋਦਾਮ ਕਾਰਪੋਰੇਸ਼ਨ ਦੇ ਚੇਅਰਮੈਨ ਵੀ ਰਹੇ।

ਸ੍ਰੀ ਰੁਮਾਲ ਚੰਦ, ਸਾਬਕਾ ਵਿਧਾਇਕ ਵੀ ਸਾਨੂੰ ਮਿਤੀ 1 ਜੂਨ, 2023 ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਜਨਮ ਮਿਤੀ 2 ਫਰਵਰੀ, 1946 ਨੂੰ ਗੁਰਦਾਸਪੁਰ ਵਿਖੇ ਹੋਇਆ। ਉਹ ਸਾਲ 2002 ਵਿਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ। ਉਨ੍ਹਾਂ ਵੱਲੋਂ ਪਨਸੀਡ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਈ ਗਈ। ਉਹ ਜ਼ਿਲ੍ਹਾ ਕਾਂਗਰਸ ਕਮੇਟੀ ਗੁਰਦਾਸਪੁਰ ਦੇ ਮੀਤ ਪ੍ਰਧਾਨ ਤੇ ਜਨਰਲ ਸਕੱਤਰ ਵੀ ਰਹੇ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀਆਂ ਵੱਖ ਵੱਖ ਕਮੇਟੀਆਂ ਦੇ ਮੈਂਬਰ ਵਜੋਂ ਵੀ ਸੇਵਾਵਾਂ ਨਿਭਾਈਆਂ।

ਸ੍ਰੀ ਉਜਾਗਰ ਸਿੰਘ, ਸੁਤੰਤਰਤਾ ਸੰਗਰਾਮੀ ਵੀ ਸਾਨੂੰ ਮਿਤੀ 4 ਮਈ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਪਿੰਡ ਮਹਿਮਾ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ ਵਿਖੇ ਹੋਇਆ। ਉਨ੍ਹਾਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਿਸ ਦਾ ਨਤੀਜਾ ਹੈ ਕਿ ਅੱਜ ਅਸੀਂ ਉਨ੍ਹਾਂ ਦੀ ਅਤੇ ਉਨ੍ਹਾਂ ਵਰਗੇ ਹੋਰ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। (ਅ.ਰਿ.)

1400/JS/HST

**1405/BK**

ਸ਼ਹੀਦ ਮਨਦੀਪ ਸਿੰਘ, ਹਵਲਦਾਰ ਸਾਨੂੰ ਮਿਤੀ 20 ਅਪ੍ਰੈਲ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 4 ਜੁਲਾਈ, 1984 ਨੂੰ ਪਿੰਡ ਚਣਕੋਈਆਂ ਕਲਾਂ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਵਿਖੇ ਹੋਇਆ। ਉਹ ਪੁਣਛ, ਜੰਮੂ-ਕਸ਼ਮੀਰ ਵਿਖੇ ਅੱਤਵਾਦੀਆਂ ਵਲੋਂ ਕੀਤੇ ਹਮਲੇ ਦੌਰਾਨ ਸ਼ਹੀਦ ਹੋ ਗਏ।

ਸ੍ਰੀ ਕੌਰ ਸਿੰਘ, ਖਿਡਾਰੀ ਵੀ ਸਾਨੂੰ ਮਿਤੀ 27 ਅਪ੍ਰੈਲ, 2023 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 16 ਅਗਸਤ, 1948 ਨੂੰ ਪਿੰਡ ਖਣਾਲ ਖੁਰਦ, ਤਹਿਸੀਲ ਦਿੜ੍ਹਬਾ, ਜ਼ਿਲ੍ਹਾ ਸੰਗਰੂਰ ਵਿਖੇ ਹੋਇਆ ਸੀ। ਖੇਡਾਂ ਦੇ

ਖੇਤਰ ਵਿੱਚ ਪਾਏ ਯੋਗਦਾਨ ਲਈ ਉਨ੍ਹਾਂ ਨੂੰ ਸਾਲ 1982 ਵਿੱਚ ਭਾਰਤ ਸਰਕਾਰ ਦੁਆਰਾ ਅਰਜੁਨ ਅਵਾਰਡ ਅਤੇ 1983 ਵਿੱਚ ਪਦਮਸ੍ਰੀ ਅਵਾਰਡ ਨਾਲ ਨਿਵਾਜਿਆ ਗਿਆ। ਉਨ੍ਹਾਂ ਨੂੰ ਵਿਸ਼ਿਸ਼ਟ ਸੇਵਾ ਮੈਡਲ ਨਾਲ ਵੀ ਸਨਮਾਨਿਤ ਕੀਤਾ ਗਿਆ। ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ। ਅਸੀਂ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜ਼ਲੀ ਹੋਵੇਗੀ।

ਇਨ੍ਹਾਂ ਤੋਂ ਇਲਾਵਾ ਮੇਰੇ ਵਿਧਾਨ ਸਭਾ ਹਲਕਾ, ਕੋਟਕਪੂਰਾ ਦੇ ਪਿੰਡ ਵਾਂਦਰ ਜਟਾਣਾ ਦਾ ਜੰਮਪਲ ਸ੍ਰੀ ਮੰਗਲ ਢਿਲੋਂ ਵੀ ਪਿੱਛੇ ਜਿਹੇ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਨੇ ਬਾਲੀਵੁੱਡ ਦੇ ਨਾਲ ਨਾਲ ਪਾਲੀਵੁੱਡ ਵਿੱਚ ਵੀ ਅਦਾਕਾਰੀ ਕਰਕੇ ਨਾਮਣਾ ਖੱਟਿਆ।

ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ, ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾਂ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ।

**ਖੇਡਾਂ ਤੇ ਯੁਵਕ ਮਾਮਲੇ ਮੰਤਰੀ (ਸ੍ਰੀ ਗੁਰਮੀਤ ਸਿੰਘ ਮੀਤ ਹੇਅਰ) :** ਸਰ, ਇੰਟਰਨੈਸ਼ਨਲ ਖਿਡਾਰਨ ਕਿਰਨ ਅਜੀਤਪਾਲ ਸਿੰਘ, ਜਿਨ੍ਹਾਂ ਨੇ ਬਾਸਕਟਬਾਲ ਵਿੱਚ ਇਸ ਦੇਸ਼ ਦੀ ਨੁਮਾਇੰਦਗੀ ਕੀਤੀ ਸੀ ਅਤੇ ਉਹ ਪਦਮਸ੍ਰੀ ਉਲੰਪੀਅਨ ਸ੍ਰੀ ਅਜੀਤਪਾਲ ਸਿੰਘ ਜੀ ਦੇ ਧਰਮਪਤਨੀ ਵੀ ਸਨ, ਜਿਨ੍ਹਾਂ ਦੀ ਕਪਤਾਨੀ ਵਿੱਚ ਇੱਕੋ ਇੱਕ ਵਰਲਡ ਕੱਪ ਭਾਰਤ ਨੇ ਜਿੱਤਿਆ ਹੈ। ਬੇਨਤੀ ਹੈ ਕਿ ਇਨ੍ਹਾਂ ਦਾ ਨਾਂ ਵੀ ਐਡ ਕਰ ਲਿਆ ਜਾਵੇ।

**ਮਾਣਯੋਗ ਸਪੀਕਰ** : ਜੀ।

**ਸਰਦਾਰ ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ, ਐਸ.ਸੀ)**: ਬਹੁਤ ਬਹੁਤ ਧੰਨਵਾਦ ਜੀ। ਸਪੀਕਰ ਸਾਹਿਬ, ਜਿੱਥੇ ਅਸੀਂ ਸ਼ਹੀਦ ਮਨਦੀਪ ਸਿੰਘ, ਹਵਲਦਾਰ ਨੂੰ ਸ਼ਰਧਾਂਜ਼ਲੀ ਭੇਂਟ ਕੀਤੀ ਹੈ, ਇਨ੍ਹਾਂ ਦੇ ਨਾਲ ਹੀ ਸਰਦਾਰ ਕੁਲਵੰਤ ਸਿੰਘ ਚੜਿੱਕ, ਜਿਹੜੇ ਕਿ ਮੇਰੇ ਹਲਕੇ ਮੋਗਾ ਦੇ ਸਨ, ਇਹ ਵੀ ਉਨ੍ਹਾਂ ਦੇ ਨਾਲ ਹੀ ਰਾਜੌਰੀ ਸੈਕਟਰ ਵਿੱਚ ਸ਼ਹੀਦ ਹੋਏ ਹਨ। ਸਾਡੇ ਬਹੁਤ ਹੀ ਸਤਿਕਾਰਯੋਗ, ਮਾਨਯੋਗ ਸੀ.ਐਮ ਸਾਹਿਬ ਇਨ੍ਹਾਂ ਦੇ ਘਰ ਜਾ ਕੇ ਇਕ ਕਰੋੜ ਰੁਪਏ ਦੀ ਰਾਸ਼ੀ ਸਨਮਾਨ ਵਜੋਂ ਦੇ ਕੇ ਆਏ ਹਨ। ਇਨ੍ਹਾਂ ਦੇ ਨਾਲ ਹੀ ਸਿਪਾਹੀ ਹਰਿਕ੍ਰਿਸ਼ਨ ਸਿੰਘ, ਸਿਪਾਹੀ ਸੇਵਕ ਸਿੰਘ ਅਤੇ ਤਿੰਨ ਹੋਰ ਸ਼ਹੀਦ ਹੋਏ ਸਨ ਅਤੇ ਮੈਂ ਚਾਹੁੰਦਾ ਹਾਂ ਕਿ ਉਨ੍ਹਾਂ ਦੇ ਨਾਂਵਾਂ ਨੂੰ ਵੀ ਸ਼ਾਮਲ ਕੀਤਾ ਜਾਵੇ। ਸੀ.ਐਮ ਸਾਰਿਆਂ ਦੇ ਘਰਾਂ ਵਿੱਚ ਜਾ ਕੇ, ਇਕੱਲੇ ਇਕੱਲੇ ਨੂੰ ਇਕ ਇਕ ਕਰੋੜ ਰੁਪਏ ਦੀ ਰਾਸ਼ੀ ਦੇ ਕੇ ਆਏ ਹਨ।

**ਮਾਣਯੋਗ ਸਪੀਕਰ** : ਜੀ।

**ਸ਼੍ਰੀ ਗੁਰਲਾਲ ਘਨੌਰ (ਘਨੌਰ) :** ਸਪੀਕਰ ਸਾਹਿਬ, ਕਬੱਡੀ ਦਾ ਇੰਟਰਨੈਸ਼ਨਲ ਪਲੇਅਰ ਸੰਦੀਪ ਨੰਗਲ ਅੰਬੀਆਂ ਨੂੰ ਵੀ ਬਣਦਾ ਮਾਨ-ਸਨਮਾਨ ਦੇ ਕੇ ਯਾਦ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਸ਼ੋਕ ਪ੍ਰਸਤਾਵ ਭੇਜਿਆ ਜਾਣਾ ਚਾਹੀਦਾ ਹੈ। ਧੰਨਵਾਦ ਜੀ।

**ਸ਼੍ਰੀ ਸੁਖਵਿੰਦਰ ਕੁਮਾਰ ਸੁੱਖੀ (ਬੰਗਾ, ਐਸ.ਸੀ):** ਸਪੀਕਰ ਸਾਹਿਬ, ਮੇਰੇ ਹਲਕੇ ਵਿੱਚ ਔੜ ਪੁਲਿਸ ਸਟੇਸ਼ਨ ਵਿੱਚ ਤਿੰਨ ਮਹੀਨੇ ਪਹਿਲਾਂ ਏ.ਐਸ.ਆਈ ਕੁਲਦੀਪ ਸਿੰਘ ਅਤੇ ਉਸ ਦੇ ਨਾਲ ਹੈਡ ਕਾਂਸਟੇਬਲ ਰਾਜੇਸ਼ ਕੁਮਾਰ ਆਪਣੀ ਡਿਊਟੀ ਦੇ ਰਹੇ ਸੀ। ਉਨ੍ਹਾਂ ਨੇ ਇਕ ਕਾਰ ਚੈਕਿੰਗ ਲਈ ਰੋਕੀ ਪਰ ਉਸ ਨੇ ਰੁਕਣ ਦੀ ਬਜਾਏ ਉਨ੍ਹਾਂ ਦੋਹਾਂ ਨੂੰ ਹਿੱਟ ਕੀਤਾ ਅਤੇ ਰਾਜੇਸ਼ ਕੁਮਾਰ ਦੀ ਮੌਕੇ ਤੇ ਹੀ ਡੈੱਥ ਹੋ ਗਈ। ਕੁਲਦੀਪ ਸਿੰਘ ਆਪਣੀ ਜ਼ਿੰਦਗੀ ਦੀ ਲੜਾਈ ਲੜਦਾ ਰਿਹਾ ਪਰੰਤੂ ਤਿੰਨ ਮਹੀਨੇ ਬਾਅਦ ਉਸ ਦੀ ਵੀ ਡੈੱਥ ਹੋ ਗਈ। ਸਪੀਕਰ ਸਾਹਿਬ, ਇਹ ਸਰਕਾਰੀ ਡਿਊਟੀ ਤੇ ਸਨ। ਇਸ ਲਈ ਇਨ੍ਹਾਂ ਨੂੰ ਵੀ ਸ਼ਰਧਾਂਜ਼ਲੀ ਦਿੱਤੀ ਜਾਵੇ। ਬਾਕੀ ਮੈਂ ਸੀ.ਐਮ ਸਾਹਿਬ ਦਾ ਧੰਨਵਾਦ ਕਰਦਾ ਹਾਂ ਕਿ ਜਿਹੜਾ ਸ਼ਹੀਦਾਂ ਨੂੰ ਇਕ ਕਰੋੜ ਰੁਪਿਆ ਦਿੰਦੇ ਹਨ, ਇਨ੍ਹਾਂ ਦੋਹਾਂ ਦਾ ਨਾਂ ਵੀ ਉਸ ਵਿੱਚ ਸ਼ਾਮਲ ਕੀਤਾ ਜਾਵੇ। ਧੰਨਵਾਦ।

**Mr. Speaker** : Thank you.

**ਮੁੱਖ ਮੰਤਰੀ (ਸ਼੍ਰੀ ਭਗਵੰਤ ਮਾਨ) :** ਮਾਨਯੋਗ ਸਪੀਕਰ ਸਾਹਿਬ, ਉਡੀਸ਼ਾ ਵਿੱਚ ਇਕ ਬਹੁਤ ਭਿਆਨਕ ਰੇਲ ਹਾਦਸਾ ਹੋਇਆ ਸੀ, ਜਿਸ ਵਿੱਚ 300 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਅਤੇ ਹਜ਼ਾਰ ਦੇ ਕਰੀਬ ਜ਼ਖਮੀ ਹੋਏ ਸਨ। ਜਿਨ੍ਹਾਂ ਦੀ ਜਾਨ ਚਲੀ ਗਈ, ਮੈਂ ਚਾਹੁੰਦਾ ਹਾਂ ਕਿ ਇਸ ਮੁਕੱਦਸ ਹਾਊਸ ਵਿੱਚ ਉਨ੍ਹਾਂ ਨੂੰ ਵੀ ਸ਼ਰਧਾਂਜ਼ਲੀ ਦੇ ਕੇ ਯਾਦ ਕੀਤਾ ਜਾਵੇ।

**Mr. Speaker :** Allowed.

**ਸਰਦਾਰ ਕਰਮਬੀਰ ਸਿੰਘ (ਦਸੂਹਾ) :** ਸਪੀਕਰ ਸਾਹਿਬ, ਮੈਂ ਆਪਣੇ ਹਲਕੇ ਦੇ ਪਿੰਡ ਘੁਗਿਆਲਾ ਦੇ ਨਾਇਬ ਸੂਬੇਦਾਰ ਬਲਬੀਰ ਸਿੰਘ ਰਾਣਾ, ਜਿਨ੍ਹਾਂ ਨੇ ਸ਼ਹਾਦਤ ਪ੍ਰਾਪਤ ਕੀਤੀ ਹੈ, ਉਨ੍ਹਾਂ ਦਾ ਨਾਂ ਇਸ ਅਕਾਲ ਚਲਾਣਿਆਂ ਦੀ ਸੂਚੀ ਵਿੱਚ ਦਰਜ ਕਰਵਾਉਣਾ ਚਾਹੁੰਦਾ ਹਾਂ ਤਾਂ ਜੋ ਉਸ ਪਰਿਵਾਰ ਨੂੰ ਸੀ.ਐਮ ਸਾਹਿਬ ਨੇ ਇਕ ਕਰੋੜ ਰੁਪਏ ਦਾ ਫੰਡ ਦੇਣ ਦਾ ਭਰੋਸਾ ਦਿੱਤਾ ਹੈ, ਜੇਕਰ ਅਸੀਂ ਸਦਨ ਵਿੱਚ ਉਨ੍ਹਾਂ ਨੂੰ ਸ਼ਰਧਾਂਜ਼ਲੀ ਦੇਵਾਂਗੇ ਤਾਂ ਮੈਨੂੰ ਲੱਗਦਾ ਹੈ ਕਿ ਉਸ ਪਰਿਵਾਰ ਨਾਲ ਵੱਡੀ ਹਮਦਰਦੀ ਹੋਵੇਗੀ।

**1405/BK/HST**

**1410/KK**

**ਮਾਣਯੋਗ ਸਪੀਕਰ: Allowed.** ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿੱਛੜੀਆਂ ਸ਼ਖ਼ਸ਼ੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ। ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖ਼ਸ਼ੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣ।

(ਅਵਾਜ਼ਾਂ: ਹਾਂ ਜੀ, ਹਾਂ ਜੀ।)

ਹੁਣ ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਮੌਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਉਪਰੰਤ ਸਮੂਹ ਸਦਨ ਨੇ ਵਿੱਛੜੀਆਂ ਰੂਹਾਂ ਦੀ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਲਈ ਮੌਨ ਧਾਰਨ ਕੀਤਾ।)

**ਮਾਣਯੋਗ ਸਪੀਕਰ:** ਧੰਨਵਾਦ ਜੀ। ਹੁਣ ਸਦਨ ਮੰਗਲਵਾਰ, ਮਿਤੀ 20 ਜੂਨ, 2023 ਨੂੰ 11.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੁੰਦਾ ਹੈ।

(*2.12 ਵਜੇ ਬਾਅਦ ਦੁਪਹਿਰ) (*ਇਸ ਉਪਰੰਤ ਸਦਨ ਮੰਗਲਵਾਰ, ਮਿਤੀ 20.6.2023 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**1410/KK/BS**